# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 18-06-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਆਪਣੇ ਸੰਸਦੀ ਖੇਤਰ ਵਾਰਾਣਸੀ ਦਾ ਦੌਰਾ ਕਰਨਗੇ। ਸ਼੍ਰੀ ਮੋਦੀ ਵਾਰਾਣਸੀ ਵਿੱਚ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਸੰਮੇਲਨ ਵਿੱਚ ਹਿੱਸਾ ਲੈਣਗੇ ਜਿੱਥੇ ਉਹ ਸਿੱਧੇ ਲਾਭ ਟਰਾਂਸਫਰ ਰਾਹੀਂ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਤਹਿਤ ਲਗਭਗ 9 ਕਰੋੜ 26 ਲੱਖ ਲਾਭਪਾਤਰੀ ਕਿਸਾਨਾਂ ਨੂੰ 20 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ 17ਵੀਂ ਕਿਸ਼ਤ ਜਾਰੀ ਕਰਨਗੇ। ਪ੍ਰਧਾਨ ਮੰਤਰੀ ਕ੍ਰਿਸ਼ੀ ਸਖੀਆਂ ਦੇ ਰੂਪ ’ਚ ਸਿਖਲਾਈ ਪ੍ਰਾਪਤ 30,000 ਸਵੈ-ਸਹਾਇਤਾ ਸਮੂਹਾਂ ਨੂੰ ਪੈਰਾ ਐਕਸਟੈਂਸ਼ਨ ਵਰਕਰਾਂ ਵਜੋਂ ਕੰਮ ਕਰਨ ਲਈ ਸਰਟੀਫਿਕੇਟ ਵੀ ਵੰਡਣਗੇ। ਇਸ ਪ੍ਰੋਗਰਾਮ ਵਿੱਚ ਦੇਸ਼ ਭਰ ਦੇ 732 ਕ੍ਰਿਸ਼ੀ ਵਿਗਿਆਨ ਕੇਂਦਰਾਂ, ਇੱਕ ਲੱਖ ਤੋਂ ਵੱਧ ਮੁਢਲੀਆਂ ਖੇਤੀਬਾੜੀ ਸਹਿਕਾਰੀ ਸਭਾਵਾਂ

ਅਤੇ ਦੇਸ਼ ਭਰ ਵਿੱਚ ਪੰਜ ਲੱਖ ਸਾਂਝੇ ਸੇਵਾ ਕੇਂਦਰਾਂ ਦੇ 2.5 ਕਰੋੜ ਤੋਂ ਵੱਧ ਕਿਸਾਨ ਸ਼ਾਮਲ ਹੋਣਗੇ ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ 30 ਜੂਨ ਨੂੰ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ 'ਚ ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ । ਸ੍ਰੀ ਮੋਦੀ ਦੇ ਲਗਾਤਾਰ ਤੀਜੀ ਵਾਰ ਪ੍ਰਧਾਨ ਮੰਤਰੀ ਚੁਣੇ ਜਾਣ ਤੋਂ ਬਾਅਦ, ਇਹ ਪਹਿਲਾ ਮਨ ਕੀ ਬਾਤ ਪ੍ਰੋਗਰਾਮ ਹੋਵੇਗਾ । ਟੋਲ ਫਰੀ ਨੰਬਰ 1800 - 1 1- 7800 ਤੇ ਫੋਨ ਕਰਕੇ ਆਪਣੇ ਵਿਚਾਰ ਅਤੇ ਸੁਝਾਅ ਭੇਜੇ ਜਾ ਸਕਦੇ ਨੇ । ਨਰੇਂਦਰ ਮੋਦੀ ਐਪ ਜਾਂ MyGOV ਓਪਨ ਫੋਰਮ 'ਤੇ ਵੀ ਸੁਝਾਅ ਆਨਲਾਈਨ ਦਿੱਤੇ ਜਾ ਸਕਦੇ ਨੇ । 28 ਜੂਨ ਤੱਕ ਭੇਜੇ ਗਏ ਸੁਝਾਵਾਂ ਅਤੇ ਵਿਚਾਰਾਂ ਨੂੰ ਪ੍ਰੋਗਰਾਮ ਵਿੱਚ ਸ਼ਾਮਲ ਕੀਤਾ ਜਾਵੇਗਾ ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਨੇ ਭਗਵੰਤ ਸਿੰਘ ਮਾਨ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਏ ਕਿ ਸਮੂਹ ਡਿਪਟੀ ਕਮਿਸ਼ਨਰ ਆਪੋ-ਆਪਣੇ ਜ਼ਿਲ੍ਹਿਆਂ

ਦੇ ਸਰਕਾਰੀ ਦਫ਼ਤਰਾਂ ਵਿੱਚ ਆਮ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਅਤੇ ਪ੍ਰੇਸ਼ਾਨੀ ਲਈ ਸਿੱਧੇ ਤੌਰ 'ਤੇ ਜਵਾਬਦੇਹ ਹੋਣਗੇ। ਕੱਲ ਚੰਡੀਗੜ੍ਹ ਵਿਖੇ ਡਿਪਟੀ ਕਮਿਸ਼ਨਰਾਂ ਨਾਲ ਇਕ ਮੀਟਿੰਗ ਦੌਰਾਨ ਉਨਾਂ ਕਿਹਾ ਕਿ ਆਮ ਲੋਕਾਂ ਨੂੰ ਸਾਫ਼-ਸੁਥਰਾ, ਜਵਾਬਦੇਹ ਅਤੇ ਪ੍ਰਭਾਵਸ਼ਾਲੀ ਪ੍ਰਸ਼ਾਸਨ ਮੁਹੱਈਆ ਕਰਵਾਉਣਾ ਸੂਬਾ ਸਰਕਾਰ ਦਾ ਫਰਜ਼ ਏ। ਉਨ੍ਹਾਂ ਕਿਹਾ ਕਿ ਇਸ ਕਾਰਜ ਨੂੰ ਯਕੀਨੀ ਬਣਾਉਣ ਲਈ ਡਿਪਟੀ ਕਮਿਸ਼ਨਰ ਹੀ ਸਭ ਤੋਂ ਕਾਰਗਰ ਭੂਮਿਕਾ ਨਿਭਾਅ ਸਕਦੇ ਨੇ ਤਾਂ ਜੋ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਵਿੱਚ ਨਾਗਰਿਕ ਕੇਂਦਰਿਤ ਸੇਵਾਵਾਂ ਦੀ ਨਿਰਵਿਘਨ ਤੌਰ ਉਤੇ ਮੁਹੱਈਆ ਕਰਵਾਈਆਂ ਜਾ ਸਕਣ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਕਾਰ ਹਰ ਜ਼ਿਲ੍ਹੇ ਵਿੱਚ 'ਮੁੱਖ ਮੰਤਰੀ ਸਹਾਇਤਾ ਕੇਂਦਰ' ਸਥਾਪਤ ਕਰਨ ਦਾ ਨਿਵੇਕਲਾ ਉਪਰਾਲਾ ਲੈ ਕੇ ਆ ਰਹੀ ਏ ਤਾਂ ਜੋ ਲੋਕ ਇਸ ਸਹਾਇਤਾ ਕੇਂਦਰ ਰਾਹੀਂ ਸਰਕਾਰੀ ਸੇਵਾਵਾਂ ਦਾ ਲਾਭ ਲੈ ਸਕਣ। ਉਨਾਂ ਕਿਹਾ ਕਿ ਇਕ ਸਮਰਪਿਤ ਅਧਿਕਾਰੀ ਇਸ ਕੇਂਦਰ ਤੇ ਹਾਜ਼ਰ ਰਹੇਗਾ ਜਿਹੜਾ ਆਮ ਲੋਕਾਂ ਦੇ ਰੋਜ਼ਮੱਰਾ ਦੇ ਪ੍ਰਸ਼ਾਸਕੀ ਕੰਮਕਾਜ ਨਾਲ ਸਬੰਧਤ ਦਰਖਾਸਤਾਂ ਪ੍ਰਾਪਤ ਕਰੇਗਾ। ਉਨਾਂ ਕਿਹਾ ਕਿ 'ਚੀਫ

ਮਨਿਸਟਰ ਡੈਸ਼ਬੋਰਡ' ਜ਼ਿਲ੍ਹੇ ਭਰ ਵਿੱਚ ਆਮ ਲੋਕਾਂ ਤੋਂ ਉਨ੍ਹਾਂ ਦੀਆਂ ਅਰਜ਼ੀਆਂ ਅਤੇ ਬਕਾਇਆ ਕੰਮਾਂ ਬਾਰੇ ਫੀਡਬੈਕ ਲੈਣ ਦੇ ਨਾਲ-ਨਾਲ ਸਮੁੱਚੀ ਗਤੀਵਿਧੀਆਂ ਦੀ ਨਿਰੰਤਰ ਨਿਗਰਾਨੀ ਕਰੇਗਾ।

-----------------------------------------------------------

ਦੇਸ਼ ਵਿਚ ਸਾਲ 1872 ਵਿਚ ਬਣੇ ਤਿੰਨ ਅਪਰਾਧਕ ਕਾਨੂੰਨਾਂ ਦੀ ਥਾਂ, ਕੇਂਦਰ ਸਰਕਾਰ ਵਲੋਂ ਹੁਣ ਮੌਜੂਦਾ ਸਮੇਂ ਮੁਤਾਬਿਕ ਬਣਾਏ ਗਏ, ਇਹ ਨਵੇਂ ਕਾਨੂੰਨ ਪਹਿਲੀ ਜੁਲਾਈ ਤੋਂ ਲਾਗੂ ਹੋ ਜਾਣਗੇ। ਮੋਹਾਲੀ ਜ਼ਿਲੇ ਤੋਂ ਕ਼ਾਨੂਨ ਖੇਤਰ ਨਾਲ ਜੁੜੇ ਮਾਹਰ, ਇਨਾਂ ਕਾਨੂੰਨਾਂ ਨੂੰ ਕਾਫੀ ਫਾਇਦੇਮੰਦ ਦੱਸਦੇ ਨੇ।

-----------------------------------------------------------

ਪੰਜਾਬ ਵਿਚ ਗਰਮੀ ਦਾ ਕਹਿਰ ਲਗਾਤਾਰ ਜਾਰੀ ਏ। ਅੱਤ ਦੀ ਗਰਮੀ ਤੇ ਵਗਦੀ ਲੂ ਨੇ, ਮਨੁੱਖਾਂ ਦੇ ਨਾਲ ਨਾਲ ਪੰਛੀਆਂ ਤੇ ਜਾਨਵਰਾਂ ਦਾ ਵੀ ਜੀਣਾ ਮੁਹਾਲ ਕੀਤਾ ਹੋਇਆ ਏ। ਸੂਬੇ ਦੇ ਜ਼ਿਆਦਾਤਰ ਜ਼ਿਲਿਆਂ ਵਿਚ ਤਾਪਮਾਨ 42 ਤੋਂ 45 ਡਿਗਰੀ ਸੈਲਸੀਅਸ ਤਕ ਚਲ ਰਿਹਾ ਏ। ਮੌਸਮ ਵਿਭਾਗ ਨੇ ਹਾਲ ਦੀ ਘੜੀ ਇਸ ਗਰਮੀ ਵਿਚ ਕਮੀ ਆਉਣ ਦੀ ਕਿਸੇ

ਵੀ ਸੰਭਾਵਨਾ ਤੋਂ ਇਨਕਾਰ ਕੀਤਾ ਏ। ਵਿਭਾਗ ਨੇ ਅੱਜ 13 ਜ਼ਿਲ੍ਹਿਆਂ ਵਿੱਚ ਹੀਟ ਵੇਵ ਦਾ ਆਰੇਂਜ ਅਲਰਟ ਅਤੇ 10 ਜ਼ਿਲ੍ਹਿਆਂ ਵਿੱਚ ਯੈਲੋ ਅਲਰਟ ਜਾਰੀ ਕੀਤਾ ਏ। ਇਸ ਦੇ ਨਾਲ ਹੀ 30-40 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਹਵਾਵਾਂ ਚੱਲਣ ਦੀ ਸੰਭਾਵਨਾ ਏ। ਬਠਿੰਡਾ 46.9 ਡਿਗਰੀ ਤਾਪਮਾਨ ਨਾਲ ਕਲ ਸਭ ਤੋਂ ਗਰਮ ਰਿਹਾ। ਹਾਲਾਂਕਿ 19 ਤੋਂ 21 ਜੂਨ ਦਰਮਿਆਨ ਪੱਛਮੀ ਗੜਬੜੀ ਦੇ ਸਰਗਰਮ ਹੋਣ ਕਾਰਨ ਬੂੰਦਾ-ਬਾਂਦੀ ਹੋ ਸਕਦੀ ਏ। ਇਸ ਦੇ ਨਾਲ ਹੀ ਬਿਜਲੀ ਦੀ ਖਪਤ 43 ਫੀਸਦੀ ਵਧ ਗਈ ਏ। ਪਿਛਲੇ ਸਾਲ ਜੂਨ ਵਿੱਚ ਬਿਜਲੀ ਦੀ ਮੰਗ 11309 ਮੈਗਾਵਾਟ ਸੀ, ਜਿਹੜੀ ਇਸ ਵਾਰ ਵਧ ਕੇ 15775 ਮੈਗਾਵਾਟ ਹੋ ਗਈ ਏ। ਗਰਮੀ ਨੂੰ ਲੈ ਕੇ ਵੱਖ ਵੱਖ ਜ਼ਿਲਿਆਂ ਦੇ ਲੋਕਾਂ ਦਾ ਕਹਿਣਾ ਏ। ਗਰਮੀ ਤੇ ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖਦਿਆਂ ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਏ।